ਦਫਤਰ ਜਿਲ੍ਹਾ ਸਿੱਖਿਆ ਅਫਸਰ -ਕਮ-
ਜਿਲ੍ਹਾ ਪ੍ਰੋਜੈਕਟ ਡਾਇਰੈਕਟਰ
ਸਰਵ ਸਿੱਖਿਆ ਅਭਿਆਨ, ਰੂਪਨਗਰ
ਬਚਤ ਭਵਨ, ਮਿੰਨੀ ਸੱਕਤਰੇਤ, ਰੂਪਨਗਰ

E-mail: ssa_ropar@yahoo.com
Phone/Fax: 01881-224983

20

ਅੰਤਕਾ
ਫਾਰਮ-2

ਵੱਲ:

ਮੈਨੇਜਰ / ਪ੍ਰਿੰਸੀਪਲ,
ਹੋਲੀ ਏਜਲਸ ਕੌਨਵੈਂਟ ਸਕੂਲ,
ਕਕਰਾਲਾ, ਰੋਪੜ ।

ਪੱਤਰ ਨੰਬਰ: ਆਰ.ਟੀ.ਈ./ਮਾਨਤਾ/ਸ.ਸ.ਅ/2018/257 ਮਿਤੀ: 30-7-2018

ਵਿਸ਼ਾ: "ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ 2010 ਦੀ ਧਾਰਾ 18 ਦੇ ਮੰਤਵ ਲਈ " ਪੰਜਾਬ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ ਨਿਯਮ 2011 ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਆਪ ਜੀ ਦੇ ਸਕੂਲ ਨੂੰ ਮਾਨਤਾ ਸਰਟੀਫਿਕੇਟ।

ਸ੍ਰੀਮਾਨ/ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀਬੇਨਤੀ ਅਤੇ ਆਪ ਵਲੋ ਦਿੱਤੀ ਗਈ ਸਵੈ ਘੋਸ਼ਨਾ ਦੇ ਆਧਾਰ ਤੇ ਮੈ ਹੋਲੀ ਏਜਲਸ ਕੌਨਵੈਂਟ ਸਕੂਲ ਕਕਰਾਲਾ , ਰੋਪੜ ਨੂੰ ਜਮਾਤ ਪਹਿਲੀ ਤੋ ਜਮਾਤ ਅੱਠਵੀ ਤੱਕ ਪੱਕੀ ਮਾਨਤਾ ਹੇਠ ਲਿਖੀਆ ਸ਼ਰਤਾ ਦੇ ਅਧਾਰ ਤੇ ਕੀਤੀ ਜਾਂਦੀ ਹੈ:-

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਅਧਾਰ ਤੇ ਹੈ:

1) ਉਕਤ ਮਾਨਤਾ ਆਪ ਦੁਆਰਾ ਦਿੱਤੀ ਗਈ ਸਵੈ ਘੋਸ਼ਨਾ ਦੇ ਆਧਾਰ ਤੇ ਹੈ ਜੇਕਰ ਸਵੈ ਘੋਸ਼ਨਾ ਵਿੱਚ ਦਰਜ਼ ਮੱਦਾਂ ਵਿਚੋ ਕੋਈ ਮੱਦ ਗਲਤ ਜਾਂ ਝੂਠੀ ਪਾਈ ਜਾਂਦੀ ਹੈ ਤਾਂ ਇਹ ਮਾਨਤਾ ਬਿਨਾਂ ਨੋਟਿਸ ਦਿੱਤਿਆਂ ਰੱਦ ਕਰ ਦਿੱਤੀ ਜਾਵੇਗੀ ।

2) ਮਾਨਤਾ ਦੀ ਪ੍ਰਵਾਨਗੀ ਵਾਧੇ ਯੋਗ ਨਹੀ ਹੈ ਅਤੇ ਕਿਸੇ ਵੀ ਹਾਲਤ ਵਿੱਚ ਅਠਵੀ ਜਮਾਤ ਤੋ ਅੱਗੇ ਦੀ ਮਾਨਤਾ / ਐਫੀਲੀਏਸ਼ਨ ਤੇ ਲਾਗੂ ਨਹੀ ਹੁੰਦੀ।

3) ਸਕੂਲ ਬੱਚਿਆਂ ਦੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ 2009 (ਸਾਰਣੀ) ਅਤੇ "ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਨਿਯਮ 2011 (ਸਾਰਣੀ) ਦੇ ਉਪਬੰਧਾਂ ਦੀ ਪਾਲਣਾ ਲਈ ਪ੍ਰਤੀਬੱਧ ਰਹੇਗਾ।

4) ਸਕੂਲ ਪਹਿਲੀ ਜਮਾਤ ਵਿੱਚ ਜਮਾਤ ਦੀ ਕੁਲ ਸੰਖਿਆ ਦਾ 25%, ਗੁਆਂਢ ਦੇ ਕਮਜ਼ੋਰ ਤਬਕੇ ਅਤੇ ਸੁਵਿਧਾ ਰਹਿਤ ਗਰੁੱਪ ਨਾਲ ਸੰਬੰਧਿਤ ਬੱਚਿਆਂ ਨੂੰ ਦਾਖ਼ਲ ਕਰੇਗਾ ਅਤੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ, ਇਸ ਦੇ ਪੂਰੀ ਹੋਣ ਤੱਕ ਪ੍ਰਦਾਨ ਕਰੇਗਾ। ਜੇ ਸਕੂਲ ਪ੍ਰੀ ਪ੍ਰਾਇਮਰੀ ਸਿੱਖਿਆ ਪ੍ਰਦਾਨ ਕਰਦਾ ਹੈ, ਇਹੀ ਸ਼ਰਤਾਂ ਲਾਗੂ ਹੋਣਗੀਆਂ।

5) ਪੈਰ੍ਹਾ 3 ਵਿੱਚ ਦਰਸਾਏ ਗਏ ਬੱਚਿਆਂ ਲਈ, ਐਕਟ ਦੀ ਧਾਰਾ 12 ਦੇ ਉਪਬੰਧ 2 ਅਨੁਸਾਰ ਸਕੂਲ ਨੂੰ ਖ਼ਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀਪੂਰਤੀ ਪ੍ਰਾਪਤ ਕਰਨ ਲਈ ਸਕੂਲ ਨੂੰ ਵੱਖਰਾ ਬੈਕ ਖਾਤਾ ਰੱਖਣਾ ਪਵੇਗਾ।

6) ਸਕੂਲ ਕੋਈ ਕੈਪੀਟੇਸ਼ਨ ਫ਼ੀਸ ਨਹੀ ਲਵੇਗਾ ਅਤੇ ਬੱਚੇ ਜਾਂ ਉਸਦੇ ਮਾਤਾ ਪਿਤਾ ਜਾਂ ਉਸੇ ਦੇ ਸਰਪ੍ਰਸਤਾਂ ਨੂੰ ਕਿਸੇ ਛਾਂਟੀ ਪ੍ਰਕਿਰਿਆ ਵਿੱਚ ਨਹੀ ਪਾਏਗਾ।

7) ਸਕੂਲ ਕਿਸੇ ਬੱਚੇ ਨੂੰ ਹੇਠ ਲਿਖੇ ਕਾਰਨਾਂ ਕਰਕੇ ਦਾਖ਼ਲਾ ਦੇਣ ਤੋ ਇਨਕਾਰ ਨਹੀ ਕਰੇਗਾ:

ੳ) ਕਿਸੇ ਬੱਚੇ ਦਾ ਉਮਰ ਦਾ ਸਬੂਤ ਨਾ ਹੋਣਾ।

ਅ) ਕਿਸੇ ਵੀ ਬੱਚੇ ਦੁਆਰਾ ਵਧਾਏ ਗਏ ਸਮੇ ਵਿੱਚ ਜਾਂ ਵਧਾਏ ਗਏ ਸਮੇ ਤੋ ਬਾਅਦ ਦਾਖ਼ਲਾ ਮੰਗਣਾ ਜਾਂ

Principal
Holy Angels Convent School
Vill. Kakrala PO. Bharatgarh
Distt. Rupnagar (PB.)-140114

Chairman
Holy Angels Convent School
Vill. Kakrala PO. Bharatgarh
Distt. Rupnagar (PB.)-140114

Scanned by PDF Scanner

ਏ) ਧਰਮ, ਜਾਤ, ਨਸਲ ਜਾਂ ਜਨਮ ਸਥਾਨ ਜਾਂ ਇਹਨਾਂ ਵਿਚੋ ਕਿਸੇ ਵੀ ਕਾਰਨ।

8 ਸਕੂਲ ਇਹ ਯਕੀਨੀ ਬਣਾਏਗਾ ਕਿ:

ੳ) ਦਾਖ਼ਲ ਕੀਤੇ ਕਿਸੇ ਵੀ ਬੱਚੇ ਨੂੰ ਜਮਾਤ ਵਿੱਚ ਵਾਪਸ ਨਹੀ ਰੱਖਿਆ ਜਾਵੇਗਾ ਜਾਂ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਹੋਣ ਤੋਂ ਪਹਿਲਾਂ ਸਕੂਲੋ ਕੱਢਿਆ ਨਹੀ ਜਾਵੇਗਾ।

ਅ) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਦਾ ਭਾਗੀ ਨਹੀ ਬਣਾਇਆ ਜਾਵੇਗਾ।

ੲ) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਬੱਚੇ ਨੂੰ ਬੋਰਡ ਦੀ ਕੋਈ ਵੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀ ਹੋਵੇਗੀ।

ਸ) ਮੁੱਢਲੀ ਸਿੱਖਿਆ ਸੰਪੂਰਨ ਕਰਨ ਵਾਲੇ ਹਰ ਬੱਚੇ ਨੂੰ ਨਿਯਮ 21 ਅਨੁਸਾਰ ਇੱਕ ਪ੍ਰਮਾਣ ਪੱਤਰ ਪ੍ਰਦਾਨ ਕੀਤਾ ਜਾਵੇਗਾ।

ਹ) ਐਕਟ ਦੇ ਉਪਬੰਧਾਂ ਅਨੁਸਾਰ ਅਪੰਗ/ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਸਮੂਲੀਅਤ ਕੀਤੀ ਜਾਵੇਗੀ।

ਕ) ਐਕਟ ਦੀ ਧਾਰਾ 23 ਦੇ ਉਪਨਿਯਮ (1) ਅਨੁਸਾਰ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਅਧਿਆਪਕ ਹੀ ਨਿਯੁਕਤ ਕੀਤੇ ਜਾਣਗੇ। ਪਰ ਉਹ ਅਧਿਆਪਕ ਜੇ ਐਕਟ ਦੇ ਲਾਗੂ ਹੋਣ ਸਮੇ ਘੱਟੋ-ਘੱਟ ਯੋਗਤਾਵਾਂ ਪੂਰੀਆਂ ਨਹੀ ਕਰਦੇ, ਉਹ ਐਕਟ ਦੇ ਲਾਗੂ ਹੋਣ ਦੀ ਮਿਤੀ ਤੋ ਪੰਜ ਸਾਲ ਦੇ ਸਮੇਂ ਵਿੱਚ ਅਜਿਹੀਆਂ ਯੋਗਤਾਵਾਂ ਪ੍ਰਾਪਤ ਕਰਨਗੇ।

ਖ) ਅਧਿਆਪਕ ਐਕਟ ਦੀ ਧਾਰਾ 24 ਦੇ ਉਪਨਿਯਮ (1) ਵਿੱਚ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ। ਅਤੇ

ਗ) ਅਧਿਆਪਕ ਆਪਣੇ ਆਪ ਨੂੰ ਕਿਸੇ ਵੀ ਪ੍ਰਾਈਵੇਟ ਅਧਿਆਪਣ ਕਿਰਿਆ ਵਿੱਚ ਮਸ਼ਰੂਫ਼ ਨਹੀ ਕਰਨਗੇ।

9) ਸਕੂਲ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਵਿਸ਼ਿਆਂ ਦੇ ਅਧਾਰ ਤੇ ਪਾਠਕ੍ਰਮ ਨੂੰ ਅਪਨਾਏਗਾ।

10) ਸਕੂਲ ਐਕਟ ਦੀ ਧਾਰਾ 19 ਅਧੀਨ ਦਰਸਾਈਆਂ ਸ਼ਰਤਾਂ ਅਤੇ ਮਿਆਰਾਂ ਦੇ ਅਨੁਸਾਰ ਵਿਦਿਆਰਥੀਆਂ ਦਾ ਦਾਖ਼ਲਾ ਕਰੇਗਾ।

11) ਸਕੂਲ ਐਕਟ ਦੀ ਧਾਰਾ 19 ਅਧੀਨ ਦਰਸਾਈਆਂ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

12) ਸਕੂਲ ਦੇ ਇਸ ਨਾਂ ਤੇ ਸਕੂਲ ਦੀ ਇਮਾਰਤ ਦੇ ਅੰਦਰ ਜਾਂ ਬਾਹਰ ਕੋਈ ਗੈਰ ਮਾਨਤਾ ਪ੍ਰਾਪਤ ਜਮਾਤਾਂ ਨਹੀ ਚਲਾਈਆਂ ਜਾਣਗੀਆਂ।
ਹਮ2।

13) ਸਕੂਲ ਭਵਨ ਜਾਂ ਹੋਰ ਢਾਂਚਾ ਜਾਂ ਮੈਦਾਨ ਸਿਰਫ਼ ਪੜ੍ਹਾਈ ਅਤੇ ਯੋਗਤਾ ਵਿਕਾਸ ਲਈ ਵਰਤੇ ਜਾਣਗੇ।

14) ਸਕੂਲ "ਸੁਸਾਇਟੀ ਰਜਿਸਟਰੇਸ਼ਨ ਐਕਟ, 1860 (ਐਕਟ ਨੰਬਰ 21, 1960) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ-ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਥਾਪਿਤ ਟਰਸਟ ਦੁਆਰਾ ਚਲਾਇਆ ਜਾ ਰਿਹਾ ਹੈ।

15) ਸਕੂਲ ਕਿਸੇ ਵਿਅਕਤੀ, ਸਮੂਹ ਜਾਂ ਵਿਅਕਤੀ ਸਮੂਹਾਂ ਜਾਂ ਕਿਸੇ ਹੋਰ ਦੇ ਨਿੱਜੀ ਲਾਭ ਲਈ ਨਹੀ ਚਲਾਇਆ ਜਾ ਰਿਹਾ ਹੈ।

16) ਸਕੂਲ ਦਾ ਲੇਖਾ ਕਿਸੇ ਚਾਰਟਿਡ/ਲੇਖਾਕਾਰ ਦੁਆਰਾ ਆਡਿਟ ਅਤੇ ਪ੍ਰਮਾਣਿਤ ਕੀਤਾ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀਆਂ ਉਚਿਤ ਸਟੇਟਮੈਂਟਾਂ ਤਿਆਰ ਕੀਤੀਆਂ ਜਾਣਗੀਆਂ।

17) ਸਕੂਲ ਸਮੇਂ-ਸਮੇਂ ਤੇ ਡਾਇਰੈਕਟਰ ਸਕੂਲ ਐਜੂਕੇਸ਼ਨ ਜਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਲੋੜੀਂਦੀ ਸੂਚਨਾ ਅਤੇ ਜਾਣਕਾਰੀ ਉਪਲਬਧ ਕਰਵਾਏਗਾ ਅਤੇ ਰਾਜ ਸਰਕਾਰ ਸਥਾਨਕ ਅਥਾਰਟੀ ਵੱਲੋਂ ਸਕੂਲ ਦੀ ਮਾਨਤਾ ਨੂੰ ਬਣਾਏ ਰੱਖਣ ਲਈ ਲੋੜੀਂਦੀਆਂ ਸ਼ਰਤਾਂ ਜਾਂ ਸਕੂਲ ਸੰਚਾਲਣ ਦੀਆਂ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਹਦਾਇਤਾਂ ਦੀ ਪਾਲਣਾ ਕਰੇਗਾ।

18) ਸੋਸਾਇਟੀ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ, ਜੇ ਜ਼ਰੂਰੀ ਹੋਵੇ, ਯਕੀਨੀ ਬਣਾਇਆ ਜਾਵੇ।

19) ਇਹ ਮਾਨਤਾ ਸਕੂਲ ਵੱਲੋਂ ਆਰ.ਟੀ.ਈ ਐਕਟ 2009 ਅਤੇ ਪੰਜਾਬ ਬਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ ਨਿਯਮ 2011 ਦੇ ਨਿਯਮਾਂ ਅਤੇ ਉਪਬੰਧਾਂ ਦੀ ਪਾਲਣਾ ਤੇ ਆਧਾਰਿਤ ਹੋਵੇਗੀ।

20) ਉਕਤ ਸ਼ਰਤਾਂ ਤੋਂ ਬਿਨਾਂ ਮੁੱਖ ਦਫ਼ਤਰ ਤੋਂ ਜੇ ਕੋਈ ਹੋਰ ਆਰ.ਟੀ.ਈ ਐਕਟ ਦੇ ਅਧੀਨ ਕੋਈ ਹੋਰ ਸ਼ਰਤ ਲਗਾਈ ਜਾਂਦੀ ਹੈ। ਉਹ ਆਪ ਪੂਰਾ ਕਰਨ ਦੇ ਪਾਬੰਦ ਹੋਵੋਗੇ ਸ਼ਰਤ ਪੂਰੀ ਨਾ ਕਰਨ ਦੀ ਸੂਰਤ ਵਿੱਚ ਆਪ ਦੀ ਮਾਨਤਾ ਰੱਦ ਸਮਝੀ ਜਾਵੇਗੀ।

Chairman
Holy Angels Convent School
Vill. Kakrala P.O. Bharatgarh
Distt. Rupnagar (PB.)-140114

Principal
Holy Angels Convent School
Vill. Kakrala PO. Bharatgarh
Distt. Rupnagar (PB.)-140114

ਜਿਲ੍ਹਾ ਸਿੱਖਿਆ ਅਫ਼ਸਰ(ਐ.ਸਿ.)
ਰੂਪਨਗਰ।

ਜ਼ਿਲਾ ਸਿੱਖਿਆ ਅਫ਼ਸਰ (ਐ.ਸਿ.)
ਰੂਪਨਗਰ।

Scanned by PDF Scanner